**ਪੰਜਾਬ ਵਿਧਾਨ ਸਭਾ**
**ਕਾਰਜ-ਸੂਚੀ**
**ਵੀਰਵਾਰ, 30 ਜੂਨ, 2022**
**10.00 ਵਜੇ ਸਵੇਰੇ**
**(ਸਵੇਰ ਦੀ ਬੈਠਕ)**

---

**I. ਪ੍ਰਸ਼ਨ**

ਵੱਖ ਸੂਚੀ ਵਿਚ ਦਰਜ ਪ੍ਰਸ਼ਨ ਪੁੱਛੇ ਜਾਣਗੇ ਅਤੇ ਉੱਤਰ ਦਿੱਤੇ ਜਾਣਗੇ।

**II. ਸਰਕਾਰੀ ਮਤੇ**

**i) ਸਰਦਾਰ ਗੁਰਮੀਤ ਸਿੰਘ ਮੀਤ ਹੇਅਰ, ਉਚੇਰੀ ਸਿੱਖਿਆ ਮੰਤਰੀ ਮਤਾ ਪੇਸ਼ ਕਰਨਗੇ ਕਿ:-**

"ਇਹ ਸਦਨ ਕੁਝ ਸਵਾਰਥੀ ਹਿੱਤਾਂ ਵੱਲੋਂ ਕਿਸੇ ਨਾ ਕਿਸੇ ਬਹਾਨੇ ਪੰਜਾਬ ਯੂਨੀਵਰਸਿਟੀ ਦਾ ਦਰਜਾ ਬਦਲ ਕੇ ਕੇਂਦਰੀ ਯੂਨੀਵਰਸਿਟੀ ਬਣਾਉਣ ਦੇ ਮਾਮਲੇ ਨੂੰ ਅੱਗੇ ਵਧਾਉਣ ਦੇ ਯਤਨਾਂ ਤੋਂ ਚਿੰਤਤ ਹੈ।

ਸਦਨ ਇਸ ਗੱਲ ਨੂੰ ਮੰਨਦਾ ਹੈ ਅਤੇ ਮਾਨਤਾ ਦਿੰਦਾ ਹੈ ਕਿ ਪੰਜਾਬ ਯੂਨੀਵਰਸਿਟੀ ਪੰਜਾਬ ਰਾਜ ਦੇ ਇੱਕ ਐਕਟ ਅਰਥਾਤ ਪੰਜਾਬ ਯੂਨੀਵਰਸਿਟੀ ਐਕਟ 1947 ਦੇ ਨਾਲ ਸੁਤੰਤਰਤਾ ਪ੍ਰਾਪਤੀ ਪਿੱਛੋਂ ਮੁੜ ਸ਼ੁਰੂ ਕੀਤੀ ਗਈ ਸੀ ਅਤੇ ਉਸ ਉਪਰੰਤ 1966 ਵਿੱਚ ਪੰਜਾਬ ਰਾਜ ਦੇ ਪੁਨਰਗਠਨ ਸਮੇਂ ਸੰਸਦ ਵੱਲੋਂ ਲਾਗੂ ਕੀਤੇ ਗਏ ਪੰਜਾਬ ਪੁਨਰਗਠਨ ਐਕਟ, 1966 ਦੀ ਧਾਰਾ 72 (1) ਅਧੀਨ ਇਸ ਨੂੰ ਅੰਤਰ-ਰਾਜੀ ਸੰਸਥਾ ਘੋਸ਼ਿਤ ਕੀਤਾ ਗਿਆ ਸੀ। ਆਪਣੀ ਸਥਾਪਨਾ ਤੋਂ ਲੈ ਕੇ, ਪੰਜਾਬ ਯੂਨੀਵਰਸਿਟੀ ਪੰਜਾਬ ਰਾਜ ਵਿੱਚ ਨਿਰੰਤਰ ਅਤੇ ਨਿਰਵਿਘਨ ਕੰਮ ਕਰ ਰਹੀ ਹੈ। ਇਸ ਨੂੰ ਪੰਜਾਬ ਦੀ ਉਸ ਸਮੇਂ ਦੀ ਰਾਜਧਾਨੀ ਲਾਹੌਰ ਤੋਂ ਹੁਸ਼ਿਆਰਪੁਰ ਅਤੇ ਫਿਰ ਚੰਡੀਗੜ੍ਹ, ਪੰਜਾਬ ਦੀ ਰਾਜਧਾਨੀ ਵਿੱਚ ਤਬਦੀਲ ਕਰ ਦਿੱਤਾ ਗਿਆ ਸੀ। ਪੰਜਾਬ ਦੇ 175 ਤੋਂ ਵੱਧ ਕਾਲਜ, ਜੋ ਕਿ ਫਾਜ਼ਿਲਕਾ, ਫਿਰੋਜ਼ਪੁਰ, ਹੁਸ਼ਿਆਰਪੁਰ, ਲੁਧਿਆਣਾ, ਮੋਗਾ, ਸ੍ਰੀ ਮੁਕਤਸਰ ਸਾਹਿਬ ਅਤੇ ਐਸ.ਬੀ.ਐਸ. ਨਗਰ ਜ਼ਿਲ੍ਹਿਆਂ ਵਿੱਚ ਸਥਿਤ ਹਨ, ਇਸ ਸਮੇਂ ਪੰਜਾਬ ਯੂਨੀਵਰਸਿਟੀ ਨਾਲ ਮਾਨਤਾ ਪ੍ਰਾਪਤ ਹਨ। ਸਮੁੱਚਾ ਖੇਤਰੀ ਅਧਿਕਾਰ ਖੇਤਰ ਅਤੇ ਅਬਾਦੀ, ਜਿਸ ਨੂੰ ਪੰਜਾਬ ਯੂਨੀਵਰਸਿਟੀ ਪੂਰਾ ਕਰ ਰਹੀ ਹੈ, ਮੁੱਖ ਤੌਰ ਤੇ ਪੰਜਾਬ ਰਾਜ ਵਿੱਚ ਆਉਂਦੀ ਹੈ, ਚੰਡੀਗੜ੍ਹ ਦੇ ਕੇਂਦਰ ਸ਼ਾਸਤ ਪ੍ਰਦੇਸ਼ ਦੇ ਅਧੀਨ ਖੇਤਰ ਤੋਂ ਇਲਾਵਾ, ਜੋ ਕਿ ਪਵਿੱਤਰ ਸਦਨ ਦੇ ਬਹੁਤ ਸਾਰੇ ਮਤਿਆਂ ਤੋਂ ਬਾਅਦ ਵੀ ਸਿਰਫ ਪੰਜਾਬ ਰਾਜ ਦੀ ਰਾਜਧਾਨੀ ਵਜੋਂ ਬਹਾਲ ਨਹੀਂ ਕੀਤਾ ਗਿਆ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਵਜੋਂ ਚੱਲਦਾ ਰਿਹਾ ਹੈ।

ਇਤਿਹਾਸਿਕ ਤੌਰ ਤੇ, ਪੰਜਾਬ ਦੇ ਲੋਕ ਇਸ ਯੂਨੀਵਰਸਿਟੀ ਨਾਲ ਸ਼ੁਰੂ ਤੋਂ ਹੀ ਬਹੁਤ ਗੂੜ੍ਹੇ ਤੌਰ ਤੇ ਜੁੜੇ ਹੋਏ ਹਨ ਅਤੇ ਇਸ ਯੂਨੀਵਰਸਿਟੀ ਦੀ ਸਥਾਪਨਾ ਨਾਲ ਹੀ ਆਪਣੀ ਪਛਾਣ ਬਣਾਈ ਹੈ। ਪੰਜਾਬ ਯੂਨੀਵਰਸਿਟੀ ਇਤਿਹਾਸਿਕ, ਖੇਤਰੀ ਅਤੇ ਸੱਭਿਆਚਾਰਕ ਕਾਰਨਾਂ ਕਰਕੇ ਪੰਜਾਬੀਆਂ ਦੇ ਮਨਾਂ ਵਿੱਚ ਇਕ ਭਾਵਨਾਤਮਕ ਸਥਾਨ ਰੱਖਦੀ ਹੈ। ਯੂਨੀਵਰਸਿਟੀ ਪੰਜਾਬ ਦੀ ਵਿਰਾਸਤ ਅਤੇ ਵਿਰਸੇ ਦੇ ਵਿਦਿਅਕ ਅਤੇ ਸੱਭਿਆਚਾਰਕ ਪ੍ਰਤੀਕ ਵਜੋਂ ਇਸ ਹੱਦ ਤੱਕ ਉਭਰੀ ਹੈ ਕਿ ਇਹ ਲਗਭਗ ਪੰਜਾਬ ਰਾਜ ਦਾ ਸਮਾਨਾਰਥੀ ਬਣ ਗਈ ਹੈ।

ਇਸ ਤੱਥ ਦੇ ਬਾਵਜੂਦ ਕਿ ਹਰਿਆਣਾ ਅਤੇ ਹਿਮਾਚਲ ਰਾਜਾਂ ਨੇ ਯੂਨੀਵਰਸਿਟੀ ਨੂੰ ਰੱਖ-ਰਖਾਅ ਘਾਟੇ ਦੀਆਂ ਗ੍ਰਾਂਟਾਂ ਵਿੱਚ ਆਪਣਾ ਹਿੱਸਾ ਦੇਣਾ ਬੰਦ ਕਰ ਦਿੱਤਾ ਸੀ, ਪੰਜਾਬ ਰਾਜ ਨੇ

ਪਰਤੋ ਜੀ

ਆਪਣਾ ਹਿੱਸਾ 20 ਪ੍ਰਤੀਸ਼ਤ ਤੋਂ ਵਧਾ ਕੇ 40 ਪ੍ਰਤੀਸ਼ਤ ਕਰ ਦਿੱਤਾ ਹੈ ਅਤੇ 1976 ਤੋਂ ਲਗਾਤਾਰ ਭੁਗਤਾਨ ਕੀਤਾ ਜਾ ਰਿਹਾ ਹੈ। ਹਰਿਆਣਾ ਸਰਕਾਰ ਨੇ ਇੱਕਪਾਸੜ ਤੌਰ ਤੇ ਯੂਨੀਵਰਸਿਟੀ ਤੋਂ ਆਪਣੇ ਕਾਲਜਾਂ ਦੀ ਮਾਨਤਾ ਵਾਪਸ ਲੈ ਲਈ ਅਤੇ ਇਹਨਾਂ ਨੂੰ ਹਰਿਆਣਾ ਰਾਜ ਦੀਆਂ ਹੋਰ ਯੂਨੀਵਰਸਿਟੀਆਂ ਵਿੱਚ ਤਬਦੀਲ ਕਰ ਦਿੱਤਾ, ਜਿਸ ਨਾਲ ਯੂਨੀਵਰਸਿਟੀ ਦੇ ਮਾਲੀਏ ਵਿੱਚ ਕਮੀ ਆਈ ਹੈ। ਭਾਰਤ ਸਰਕਾਰ ਨੇ 27-10-1997 ਦੀ ਆਪਣੀ ਨੋਟੀਫਿਕੇਸ਼ਨ ਰਾਹੀਂ ਯੂਨੀਵਰਸਿਟੀ ਦੀਆਂ ਵੱਖ-ਵੱਖ ਗਵਰਨਿੰਗ ਬਾਡੀਜ਼ ਵਿੱਚੋਂ ਹਰਿਆਣਾ ਦੀ ਨੁਮਾਇੰਦਗੀ ਖ਼ਤਮ ਕਰ ਦਿੱਤੀ ਸੀ।

ਇਸ ਸਦਨ ਨੇ ਦੇਖਿਆ ਹੈ ਕਿ ਯੂਨੀਵਰਸਿਟੀ ਆਪਣੇ ਵਿੱਤੀ ਮਾਮਲਿਆਂ ਦਾ ਪ੍ਰਬੰਧਨ ਅਤੇ ਸੰਚਾਲਨ ਇੱਕਪਾਸੜ ਢੰਗ ਨਾਲ ਕਰ ਰਹੀ ਹੈ। ਹਾਲਾਂਕਿ ਪੰਜਾਬ ਰਾਜ ਨੇ ਵਿੱਤੀ ਸਾਲ 2020-21 ਦੇ ਦੌਰਾਨ ਗ੍ਰਾਂਟ-ਇਨ-ਏਡ ਨੂੰ 20 ਕਰੋੜ ਰੁਪਏ ਤੋਂ ਵਧਾ ਕੇ 45.30 ਕਰੋੜ ਰੁਪਏ ਕਰ ਦਿੱਤਾ ਹੈ, ਜੋ ਕਿ 75% ਤੋਂ ਜ਼ਿਆਦਾ ਵਾਧਾ ਹੈ। ਇਸ ਤੋਂ ਇਲਾਵਾ, ਯੂਨੀਵਰਸਿਟੀ ਦੁਆਰਾ ਪੰਜਾਬ ਵਿੱਚ ਸਥਿਤ ਮਾਨਤਾ ਪ੍ਰਾਪਤ ਕਾਲਜਾਂ ਤੋਂ ਲਗਭਗ 100 ਕਰੋੜ ਰੁਪਏ ਸਾਲਾਨਾ ਇਕੱਤਰ ਕੀਤੇ ਜਾਂਦੇ ਹਨ। ਇਹ ਚੋਖਾ ਵਾਧਾ ਪੰਜਾਬ ਯੂਨੀਵਰਸਿਟੀ ਦੀਆਂ ਲੋੜਾਂ ਦੇ ਅਨੁਕੂਲ ਨਹੀਂ ਹੋ ਸਕਦਾ, ਪਰ ਅਜਿਹਾ ਇਸ ਕਾਰਨ ਹੋਇਆ ਹੈ ਕਿ ਇੱਥੇ ਕੋਈ ਦੁਵੱਲੀ ਸਲਾਹ-ਮਸ਼ਵਰੇ ਦੀ ਪ੍ਰਕਿਰਿਆ ਨਹੀਂ ਹੈ।

ਇਹ ਸਦਨ ਦ੍ਰਿੜਤਾ ਅਤੇ ਸਰਬਸੰਮਤੀ ਨਾਲ ਮਹਿਸੂਸ ਕਰਦਾ ਹੈ ਕਿ ਪੰਜਾਬ ਯੂਨੀਵਰਸਿਟੀ ਦੇ ਚਰਿੱਤਰ ਨੂੰ ਬਦਲਣ ਦਾ ਕੋਈ ਵੀ ਫੈਸਲਾ ਪੰਜਾਬ ਦੇ ਲੋਕਾਂ ਨੂੰ ਪ੍ਰਵਾਨ ਨਹੀਂ ਹੋਵੇਗਾ ਅਤੇ ਇਸ ਲਈ ਇਸ ਯੂਨੀਵਰਸਿਟੀ ਦੇ ਸੁਭਾਅ ਅਤੇ ਚਰਿੱਤਰ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ ਭਾਰਤ ਸਰਕਾਰ ਨੂੰ ਨਹੀਂ ਕਰਨੀ ਚਾਹੀਦੀ। ਜੇਕਰ ਕੋਈ ਪ੍ਰਸਤਾਵ ਵਿਚਾਰਿਆ ਜਾ ਰਿਹਾ ਹੈ ਤਾਂ ਤੁਰੰਤ ਪ੍ਰਭਾਵ ਨਾਲ ਰੱਦ ਕਰ ਦਿੱਤਾ ਜਾਣਾ ਚਾਹੀਦਾ ਹੈ।

ਇਸ ਲਈ ਇਹ ਸਦਨ ਰਾਜ ਸਰਕਾਰ ਨੂੰ ਪੁਰਜ਼ੋਰ ਸਿਫਾਰਸ਼ ਕਰਦਾ ਹੈ ਕਿ ਉਹ ਉਪਰੋਕਤ ਅਨੁਸਾਰ ਕੇਂਦਰ ਸਰਕਾਰ ਨਾਲ ਮਾਮਲਾ ਉਠਾਏ ਕਿ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦੇ ਹੋਏ ਪੰਜਾਬ ਯੂਨੀਵਰਸਿਟੀ ਦੇ ਸੁਭਾਅ ਅਤੇ ਚਰਿੱਤਰ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ ਨਾ ਕੀਤੀ ਜਾਵੇ।"

**ii)** ਮੁੱਖ ਮੰਤਰੀ ਮਤਾ ਪੇਸ਼ ਕਰਨਗੇ ਕਿ-

"ਕੇਂਦਰ ਸਰਕਾਰ ਵੱਲੋਂ 'ਅਗਨੀਪੱਥ ਸਕੀਮ' ਦੇ ਇਕਤਰਫਾ ਐਲਾਨ ਕਾਰਨ ਪੰਜਾਬ ਸਮੇਤ ਸਾਰੇ ਰਾਜਾ ਵਿੱਚ ਵੱਡੇ ਪੱਧਰ ਉੱਤੇ ਵਿਰੋਧ ਪੈਦਾ ਹੋਇਆ ਹੈ।

ਪੰਜਾਬ ਵਿਧਾਨ ਸਭਾ ਸ਼ਿਦੱਤ ਨਾਲ ਮਹਿਸੂਸ ਕਰਦੀ ਹੈ ਕਿ ਸਿਰਫ ਚਾਰ ਸਾਲਾਂ ਲਈ ਨੌਜਵਾਨਾਂ ਨੂੰ ਨੌਕਰੀਆਂ ਦੇਣ ਅਤੇ ਇਨ੍ਹਾਂ ਵਿੱਚੋਂ ਵੀ ਸਿਰਫ 25 ਫੀਸਦੀ ਨੂੰ ਹੀ ਅਗਾਂਹ ਨੌਕਰੀ ਉੱਤੇ ਬਰਕਰਾਰ ਰੱਖਣ ਲਈ ਇਹ ਸਕੀਮ ਨਾ ਤਾਂ ਦੇਸ਼ ਦੀ ਜਵਾਨੀ ਅਤੇ ਨਾ ਹੀ ਕੌਮੀ ਸੁਰੱਖਿਆ ਦੇ ਹਿੱਤ ਵਿੱਚ ਹੈ। ਇਸ ਨੀਤੀ ਨਾਲ ਜੀਵਨ ਭਰ ਦੇਸ਼ ਦੇ ਹਥਿਆਰਬੰਦ ਦਸਤਿਆਂ ਵਿੱਚ ਸੇਵਾ ਕਰਨ ਦੇ ਇੱਛੁਕ ਨੌਜਵਾਨਾਂ ਵਿਚਾਲੇ ਬੇਚੈਨੀ ਪੈਦਾ ਹੋਣ ਦੀ ਸੰਭਾਵਨਾ ਹੈ।

ਇੱਥੇ ਇਹ ਜ਼ਿਕਰ ਕਰਨਾ ਜ਼ਰੂਰੀ ਹੈ ਕਿ ਦੇਸ਼ ਦੇ ਹਥਿਆਰਬੰਦ ਦਸਤਿਆਂ ਵਿੱਚ ਪੰਜਾਬ ਦੇ ਲਗਭਗ ਇੱਕ ਲੱਖ ਤੋਂ ਵੱਧ ਸੈਨਿਕ ਸੇਵਾ ਕਰ ਰਹੇ ਹਨ ਅਤੇ ਇਨ੍ਹਾਂ ਵਿੱਚੋਂ ਕਈ ਹਰੇਕ ਸਾਲ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਲਈ ਬਲਿਦਾਨ ਦਿੰਦੇ ਹਨ। ਆਪਣੇ ਸਾਹਸ ਅਤੇ ਬਹਾਦਰੀ ਲਈ ਦੁਨੀਆ ਭਰ ਵਿੱਚ ਜਾਣੇ ਜਾਂਦੇ ਪੰਜਾਬ ਦੇ ਨੌਜਵਾਨਾਂ ਲਈ ਭਾਰਤੀ ਹਥਿਆਰਬੰਦ ਦਸਤਿਆਂ ਵਿੱਚ ਸੇਵਾ ਕਰਨਾ

....3

ਮਾਣ ਅਤੇ ਸਨਮਾਨ ਦਾ ਪ੍ਰਤੀਕ ਹੈ। ਇਸ ਸਕੀਮ ਨੇ ਪੰਜਾਬ ਦੇ ਉਨ੍ਹਾਂ ਨੌਜਵਾਨਾਂ ਦੇ ਸੁਪਨਿਆਂ ਨੂੰ ਤਹਿਸ-ਨਹਿਸ ਕਰ ਦਿੱਤਾ ਹੈ, ਜਿਹੜੇ ਰੈਗੂਲਰ ਫੌਜੀ ਵੱਜੋਂ ਹਥਿਆਰਬੰਦ ਦਸਤਿਆਂ ਵਿੱਚ ਸ਼ਾਮਿਲ ਹੋਣਾ ਚਾਹੁੰਦੇ ਸਨ।

ਇਸ ਸਕੀਮ ਨੇ ਹਥਿਆਰਬੰਦ ਦਸਤਿਆਂ ਦੀ ਰਵਾਇਤ ਰਹੀ ਵਫਾਦਾਰੀ ਤੇ ਮਾਣ-ਸਨਮਾਨ ਦੀ ਭਾਵਨਾ ਨੂੰ ਵੀ ਕਮਜ਼ੋਰ ਕੀਤਾ ਹੈ।

ਇਹ ਸਦਨ ਰਾਜ ਸਰਕਾਰ ਨੂੰ ਕੇਂਦਰ ਸਰਕਾਰ ਨਾਲ ਅਗਨੀਪੱਥ ਸਕੀਮ ਨੂੰ ਤੁਰੰਤ ਵਾਪਿਸ ਲੈਣ ਲਈ ਮਾਮਲਾ ਉਠਾਉਣ ਦੀ ਸਿਫਾਰਸ਼ ਕਰਦਾ ਹੈ।"

**III.** **ਮਤੇ**

| | | |
|---|---|---|
| 1. | **ਸ਼੍ਰੀ ਸੰਦੀਪ ਜਾਖੜ, ਐਮ.ਐਲ.ਏ** | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿਚ ਰੁਜ਼ਗਾਰ ਦੇ ਅਵਸਰ ਪੈਦਾ ਕਰਕੇ ਨੌਜਵਾਨਾਂ ਨੂੰ ਵਿਦੇਸ਼ ਜਾਣ ਤੋਂ ਰੋਕਣ ਲਈ ਤੁਰੰਤ ਕਦਮ ਚੁੱਕੇ ਜਾਣ। |
| 2. | **ਡਾਕਟਰ ਨਛੱਤਰ ਪਾਲ , ਐਮ.ਐਲ.ਏ** | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿਚ ਇੱਕਸਾਰ ਸਿਹਤ ਪ੍ਰਣਾਲੀ ਪ੍ਰਦਾਨ ਕਰਵਾਉਣ, ਸਿਹਤ ਪ੍ਰਣਾਲੀ ਦਾ ਵਪਾਰੀਕਰਨ ਰੋਕਣ ਲਈ, ਲੋਕਾਂ ਨੂੰ ਵਧੀਆ ਅਤੇ ਸਸਤੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਕਦਮ ਚੁੱਕੇ ਜਾਣ ਅਤੇ ਦਵਾਈਆਂ, ਵਿਸ਼ੇਸ਼ ਤੌਰ ਤੇ ਜੈਨਰਿਕ ਦਵਾਈਆਂ ਨੂੰ ਘੱਟ ਕੀਮਤ ਤੇ ਮੁਹੱਈਆ ਕਰਵਾਉਣ ਲਈ ਸਰਕਾਰੀ ਹਸਪਤਾਲਾਂ ਵਿਚ ਸਰਕਾਰੀ ਦੁਕਾਨਾਂ ਵੀ ਖੋਲ੍ਹੀਆਂ ਜਾਣ । |
| 3. | **ਸ਼੍ਰੀ ਅਵਤਾਰ ਸਿੰਘ ਜੂਨੀਅਰ, ਐਮ.ਐਲ.ਏ** | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੂੰ ਠੱਲ੍ਹ ਪਾਉਣ ਲਈ, ਪ੍ਰਭਾਵਿਤ ਲੋਕਾਂ ਦੇ ਨਸ਼ਾਮੁਕਤੀ ਅਤੇ ਪੁਨਰਵਾਸ ਲਈ ਵਿਸਤ੍ਰਿਤ ਯੋਜਨਾ ਲਿਆਂਦੀ ਜਾਵੇ। |
| 4. | **ਸਰਦਾਰ ਸੁਖਪਾਲ ਸਿੰਘ ਖਹਿਰਾ, ਐਮ.ਐਲ.ਏ** | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿਚ ਰੁਜ਼ਗਾਰ ਦੇ ਅਵਸਰ ਪੈਦਾ ਕਰਕੇ ਨੌਜਵਾਨਾਂ ਨੂੰ ਵਿਦੇਸ਼ ਜਾਣ ਤੋਂ ਰੋਕਣ ਲਈ ਤੁਰੰਤ ਕਦਮ ਚੁੱਕੇ ਜਾਣ। |
| 5. | **ਡਾ.ਰਾਜ ਕੁਮਾਰ ਚੱਬੇਵਾਲ, ਐਮ.ਐਲ.ਏ** | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੂੰ ਠੱਲ੍ਹ ਪਾਉਣ ਲਈ, ਪ੍ਰਭਾਵਿਤ ਲੋਕਾਂ ਦੇ ਨਸ਼ਾਮੁਕਤੀ ਅਤੇ ਪੁਨਰਵਾਸ ਲਈ ਵਿਸਤ੍ਰਿਤ ਯੋਜਨਾ ਲਿਆਂਦੀ ਜਾਵੇ। |
| 6. | **ਸਰਦਾਰ ਬਰਿੰਦਰਮੀਤ ਸਿੰਘ ਪਾਹੜਾ, ਐਮ.ਐਲ.ਏ** | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੂੰ ਠੱਲ੍ਹ ਪਾਉਣ ਲਈ, ਪ੍ਰਭਾਵਿਤ ਲੋਕਾਂ ਦੇ ਨਸ਼ਾਮੁਕਤੀ ਅਤੇ ਪੁਨਰਵਾਸ ਲਈ ਵਿਸਤ੍ਰਿਤ ਯੋਜਨਾ ਲਿਆਂਦੀ ਜਾਵੇ। |

ਪਰਤੋ ਜੀ

| | |
|---|---|
| 7. ਸਰਦਾਰ ਵਿਕਰਮਜੀਤ ਸਿੰਘ ਚੌਧਰੀ, ਐਮ.ਐਲ.ਏ | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿਚ ਰੁਜ਼ਗਾਰ ਦੇ ਅਵਸਰ ਪੈਦਾ ਕਰਕੇ ਨੌਜਵਾਨਾਂ ਨੂੰ ਵਿਦੇਸ਼ ਜਾਣ ਤੋਂ ਰੋਕਣ ਲਈ ਤੁਰੰਤ ਕਦਮ ਚੁੱਕੇ ਜਾਣ। |
| 8. ਸਰਦਾਰ ਪ੍ਰਤਾਪ ਸਿੰਘ ਬਾਜਵਾ, ਐਮ.ਐਲ.ਏ | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿਚ ਰੁਜ਼ਗਾਰ ਦੇ ਅਵਸਰ ਪੈਦਾ ਕਰਕੇ ਨੌਜਵਾਨਾਂ ਨੂੰ ਵਿਦੇਸ਼ ਜਾਣ ਤੋਂ ਰੋਕਣ ਲਈ ਤੁਰੰਤ ਕਦਮ ਚੁੱਕੇ ਜਾਣ। |
| 9. ਸ਼੍ਰੀਮਤੀ ਅਰੁਨਾ ਚੌਧਰੀ, ਐਮ.ਐਲ.ਏ | ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਰਾਜ ਵਿਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਨੂੰ ਠੱਲ੍ਹ ਪਾਉਣ ਲਈ, ਪ੍ਰਭਾਵਿਤ ਲੋਕਾਂ ਦੇ ਨਸ਼ਾਮੁਕਤੀ ਅਤੇ ਪੁਨਰਵਾਸ ਲਈ ਵਿਸਤ੍ਰਿਤ ਯੋਜਨਾ ਲਿਆਂਦੀ ਜਾਵੇ। |

ਚੰਡੀਗੜ੍ਹ:
29 ਜੂਨ, 2022

ਸੁਰਿੰਦਰ ਪਾਲ,
ਸਕੱਤਰ।

-----------------